ਗੋਂਡ ਮਹਲਾ ੫ ॥ ਰਾਮ ਰਾਮ ਸੰਗਿ ਕਰਿ ਬਿਉਹਾਰ ॥ ਰਾਮ ਰਾਮ ਰਾਮ ਪ੍ਰਾਨ ਅਧਾਰ ॥ ਰਾਮ ਰਾਮ ਰਾਮ ਕੀਰਤਨੁ ਗਾਇ ॥ ਰਮਤ ਰਾਮੁ ਸਭ ਰਹਿਓ ਸਮਾਇ ॥ ੧॥ ਸੰਤ ਜਨਾ ਮਿਲਿ ਬੋਲਹੁ ਰਾਮ ॥ ਸਭ ਤੇ ਨਿਰਮਲ ਪੂਰਨ ਕਾਮ ॥ ੧॥ ਰਹਾਉ ॥ ਰਾਮ ਰਾਮ ਧਨੁ ਸੰਚਿ ਭੰਡਾਰ ॥ ਰਾਮ ਰਾਮ ਰਾਮ ਕਰਿ ਆਹਾਰ ॥ ਰਾਮ ਰਾਮ ਵੀਸਰਿ ਨਹੀ ਜਾਇ ॥ ਕਰਿ ਕਿਰਪਾ ਗੁਰਿ ਦੀਆ ਬਤਾਇ ॥੨॥ ਰਾਮ ਰਾਮ ਰਾਮ ਸਦਾ ਸਹਾਇ ॥ ਰਾਮ ਰਾਮ ਰਾਮ ਲਿਵ ਲਾਇ ॥ ਰਾਮ ਰਾਮ ਜਪਿ ਨਿਰਮਲ ਭਏ ॥ ਜਨਮ ਜਨਮ ਕੇ ਕਿਲਬਿਖ ਗਏ ॥੩॥ ਰਮਤ ਰਾਮ ਜਨਮ ਮਰਣੁ ਨਿਵਾਰੈ ॥ ਉਚਰਤ ਰਾਮ ਭੈ ਪਾਰਿ ਉਤਾਰੈ ॥ ਸਭ ਤੇ ਊਚ ਰਾਮ ਪਰਗਾਸ ॥ ਨਿਸਿ ਬਾਸੁਰ ਜਪਿ ਨਾਨਕ ਦਾਸ ॥ ੪॥੮॥੧੦॥ {ਪੰਨਾ 865}

ਪਦਅਰਥ:- ਸੰਗਿ—ਨਾਲ। ਬਿਉਹਾਰ—ਵਣਜ, ਵਪਾਰ। ਪ੍ਰਾਨ ਅਧਾਰ—ਜਿੰਦ ਦਾ ਆਸਰਾ। ਰਮਤ—ਵਿਆਪਕ। ਸਭ—ਸਾਰੀ ਸ੍ਰਿਸ਼ਟੀ ਵਿਚ।1।

ਮਿਲਿ—ਮਿਲ ਕੇ। ਸਭ ਤੇ—ਸਭਨਾਂ (ਕੰਮਾਂ) ਨਾਲੋਂ। ਪੂਰਨ—ਸਫਲ।1। ਰਹਾਉ।

ਸੰਚਿ—ਇਕੱਠਾ ਕਰ। ਭੰਡਾਰ—ਖ਼ਜ਼ਾਨੇ। ਆਹਾਰ—(ਜਿੰਦ ਦੀ) ਖ਼ੁਰਾਕ। ਗੁਰਿ—ਗੁਰੂ ਨੇ। ਕਰਿ—ਕਰ ਕੇ।2।

ਸਹਾਇ—ਸਹਾਇਤਾ ਕਰਨ ਵਾਲਾ। ਲਿਵ ਲਾਇ—ਸੁਰਤਿ ਜੋੜ। ਨਿਰਮਲ—ਪਵਿੱਤਰ। ਕਿਲਬਿਖ—ਪਾਪ।3।

ਰਮਤ—ਉਚਾਰਦਿਆਂ, ਸਿਮਰਦਿਆਂ। ਨਿਵਾਰੈ—ਦੂਰ ਕਰ ਦੇਂਦਾ ਹੈ। ਉਚਰਤ—ਉਚਾਰਦਿਆਂ। ਭੈ ਪਾਰਿ—ਡਰ ਤੋਂ ਪਾਰ। ਪਰਗਾਸ—ਚਾਨਣ। ਨਿਸਿ—ਰਾਤ। ਬਾਸੁਰ—ਦਿਨ।4।

ਅਰਥ:- ਹੇ ਭਾਈ! ਸੰਤ ਜਨਾਂ ਨਾਲ ਮਿਲ ਕੇ, ਪਰਮਾਤਮਾ ਦਾ ਨਾਮ ਸਿਮਰਿਆ ਕਰੋ। ਇਹ ਕੰਮ ਹੋਰ ਸਾਰੇ ਕੰਮਾਂ ਨਾਲੋਂ ਪਵਿੱਤਰ ਅਤੇ ਸਫਲ ਹੈ।1। ਰਹਾਉ।

(ਹੇ ਭਾਈ! ਤੂੰ ਜਗਤ ਵਿਚ ਵਣਜ ਕਰਨ ਆਇਆ ਹੈਂ) ਪਰਮਾਤਮਾ ਦੇ ਨਾਮ (ਦੇ ਸਰਮਾਏ) ਨਾਲ (ਸਿਮਰਨ ਦਾ) ਵਣਜ ਕਰਿਆ ਕਰ। ਪਰਮਾਤਮਾ ਦੇ ਨਾਮ ਨੂੰ ਆਪਣੀ ਜਿੰਦ ਦਾ ਆਸਰਾ ਬਣਾ ਲੈ। ਜੇਹੜਾ ਪ੍ਰਭੂ ਹਰ ਥਾਂ ਵਿਆਪਕ ਹੈ, ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ, ਹੇ ਭਾਈ! ਸਦਾ ਹੀ ਉਸ ਦੀ ਸਿਫ਼ਤਿ-ਸਾਲਾਹ ਕਰਿਆ ਕਰ।1।

ਹੇ ਭਾਈ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ, ਖ਼ਜ਼ਾਨੇ ਭਰ ਲੈ, ਪਰਮਾਤਮਾ ਦੇ ਨਾਮ ਨੂੰ ਆਪਣੀ ਜਿੰਦ ਦੀ ਖ਼ੁਰਾਕ ਬਣਾ ਲੈ। ਗੁਰੂ ਨੇ ਕਿਰਪਾ ਕਰ ਕੇ (ਮੈਨੂੰ ਇਹ ਗੱਲ) ਦੱਸ ਦਿੱਤੀ ਹੈ ਕਿ (ਵੇਖੀਂ,) ਕਿਤੇ ਪਰਮਾਤਮਾ ਦਾ ਨਾਮ ਤੈਨੂੰ ਭੁੱਲ ਨਾਹ ਜਾਏ।2।

ਹੇ ਭਾਈ! ਜੇਹੜਾ ਪਰਮਾਤਮਾ ਸਦਾ ਹੀ ਸਹਾਇਤਾ ਕਰਨ ਵਾਲਾ ਹੈ, ਉਸ ਦੇ ਚਰਨਾਂ ਵਿਚ ਸਦਾ ਸੁਰਤਿ ਜੋੜੀ ਰੱਖ। ਪਰਮਾਤਮਾ ਦਾ ਨਾਮ ਜਪ ਜਪ ਕੇ ਜੀਵ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਜਾਂਦੇ ਹਨ।3।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਿਆਂ (ਪਰਮਾਤਮਾ ਮਨੁੱਖ ਦਾ) ਜਨਮ ਮਰਨ (ਦਾ ਗੇੜ) ਦੂਰ ਕਰ ਦੇਂਦਾ ਹੈ। ਪ੍ਰਭੂ ਦਾ ਨਾਮ ਉਚਾਰਦਿਆਂ (ਪ੍ਰਭੂ ਜੀਵ ਨੂੰ) ਸਹਿਮ (-ਭਰੇ ਸੰਸਾਰ-ਸਮੁੰਦਰ) ਤੋਂ ਪਾਰ ਲੰਘਾ ਦੇਂਦਾ ਹੈ। ਹੇ ਦਾਸ ਨਾਨਕ! ਸਭ ਤੋਂ ਉੱਚੇ ਪ੍ਰਭੂ (ਦੇ ਨਾਮ) ਦਾ ਚਾਨਣ (ਆਪਣੇ ਅੰਦਰ) ਪੈਦਾ ਕਰ, ਦਿਨ ਰਾਤ ਉਸ ਦਾ ਨਾਮ ਜਪਿਆ ਕਰ।4।8।10।